# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 14-03-2025**

ਰੰਗਾਂ ਦਾ ਤਿਉਹਾਰ ਹੋਲੀ, ਅੱਜ ਪੂਰੇ ਦੇਸ਼ ਵਿੱਚ, ਰਵਾਇਤੀ ਉਤਸ਼ਾਹ ਅਤੇ ਖੁਸ਼ੀਆਂ ਨਾਲ ਮਨਾਇਆ ਜਾ ਰਿਹਾ ਏ। ਇਹ ਤਿਉਹਾਰ ਬਸੰਤ ਰੁੱਤ ਦੀ ਆਮਦ ਅਤੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਏ। ਇਹ ਏਕਤਾ ਅਤੇ ਸਦਭਾਵਨਾ ਨੂੰ ਉਤਸ਼ਾਹਿਤ ਕਰਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉੱਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹੋਲੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ। ਪੰਜਾਬ ਦੇ ਮੁੱਖ ਮੰਤਰੀ ਨੇ ਸਾਰਿਆਂ ਹੋਲੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਆਪਸੀ ਪਿਆਰ ਅਤੇ ਭਾਈਚਾਰਕ ਸਾਂਝ ਬਣੀ ਰਹੇ।

---------------------------------------------------

ਉਧਰ ਅੰਮ੍ਰਿਤਸਰ ਦੇ ਪ੍ਰਸਿੱਧ ਦੁਰਗਿਆਣਾ ਮੰਦਿਰ ਵਿੱਚ ਅੱਜ ਹੋਲੀ ਦਾ

ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਦਾ ਰਿਹਾ ਏ, ਜਿੱਥੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਮੱਥਾ ਟੇਕਣ ਮਗਰੋਂ ਹੋਲੀ ਖੇਡੀ। ਸ਼ਰਧਾਲੂਆਂ ਨੇ ਕਿਹਾ ਕਿ ਇੱਕ ਹੋਲੀ ਵਰਿੰਦਾਵਨ ਵਿਖੇ ਖੇਡੀ ਜਾਂਦੀ ਏ ਅਤੇ ਦੂਜੀ ਹੋਲੀ ਅੰਮ੍ਰਿਤਸਰ ਦੇ ਦੁਰਗਿਆਣਾ ਮੰਦਰ ਵਿੱਚ ਖੇਡੀ ਜਾਂਦੀ ਏ। ਉਨ੍ਹਾਂ ਕਿਹਾ ਕਿ ਲੋਕਾ ਨੂੰ ਪਿਆਰ ਅਤੇ ਚੰਗੇ ਰੰਗਾਂ ਨਾਲ ਹੋਲੀ ਖੇਡਣ।

--------------------------------------------------------------------

ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਦਾ ਅੱਜ ਦੂਜਾ ਦਿਨ ਏ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਸੰਗਤਾਂ ਮੋਟਰਸਾਈਕਲਾਂ, ਟਰੈਕਟਰ-ਟਰਾਲੀਆਂ ਅਤੇ ਹੋਰ ਵਾਹਨਾਂ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ’ਤੇ ਹੋਲਾ ਮਹੱਲਾ ਮਨਾਉਣ ਲਈ ਪਹੁੰਚ ਰਹੀਆਂ ਨੇ । ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਖਾਲਸਾਈ ਰੰਗ ਵਿੱਚ ਰੰਗੀ ਹੋਈ ਏ ਅਤੇ ਨਿਹੰਗ ਸਿੰਘਾਂ ਦੇ ਵੱਖ-ਵੱਖ ਜਥੇ ਤੇ ਨਿਹੰਗ ਸਿੰਘ ਜਥੇਦਾਰ ਛਾਉਣੀਆਂ ਵਿਖੇ ਪਹੁੰਚ ਰਹੇ ਨੇ। ਹੋਲੇ ਮਹੱਲੇ ਦੇ ਆਖ਼ਰੀ ਦਿਨ ਕੱਲ੍ਹ 15 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਸਿੰਘ ਸਾਹਿਬਾਨਾਂ ਦੀ ਅਗਵਾਈ ਹੇਠ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਮਹੱਲਾ ਸਜਾਇਆ ਜਾਵੇਗਾ, ਜਿਸ ਵਿੱਚ ਤਖ਼ਤਾਂ ਦੇ ਜਥੇਦਾਰਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਵੱਖ-ਵਖ ਨਿਹੰਗ ਸਿੰਘ ਜਥੇਬੰਦੀਆਂ ਸ਼ਾਮਿਲ ਹੋਣਗੀਆਂ। ਹੋਲੇ ਮਹੱਲੇ ਦੇ ਆਖਰੀ ਦਿਨ ਪਰੰਪਰਾ ਅਨੁਸਾਰ ਚਰਨ ਗੰਗਾ ਸਟੇਡੀਅਮ ਵਿਖੇ ਖਾਲਸਾਈ ਖੇਡਾਂ ਦਾ ਪ੍ਰਦਰਸ਼ਨ ਵੀ ਕੀਤਾ ਜਾਂਦਾ ਏ।

---------------------------------------------------------------

ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿੱਚ ਮੱਥਾ ਟੇਕਿਆ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਨੇ ਕਿਹਾ ਕਿ ਦੇਸੀ ਮਹੀਨੇ ਦੇ ਨਵੇਂ ਸਾਲ ਮੌਕੇ ਉਹ ਦਰਬਾਰ ਸਾਹਿਬ ਵਿੱਚ ਮੱਥਾ ਟੇਕਣ ਪਹੁੰਚੇ ਨੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੂਰੇ ਪੰਜਾਬ ਦੇ ਵਿੱਚ ਵੱਖ-ਵੱਖ ਥਾਵਾਂ ਤੇ ਰੇਲਵੇ ਦੇ ਵੱਡੇ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਨੇ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕਿ ਉਹ ਇਸ ਵਿੱਚ ਸਾਥ ਦੇਣ।

---------------------------------------------------------------------

ਪੰਜਾਬ ਵਿੱਚ, ਪਹਿਲੀ ਮਾਰਚ ਤੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹੁਣ ਤੱਕ 1750 ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਅਤੇ ਰਾਜ ਵਿੱਚ ਨਸ਼ਾ ਤਸਕਰਾਂ ਦੀਆਂ 29 ਗੈਰ-ਕਾਨੂੰਨੀ ਜਾਇਦਾਦਾਂ ਨੂੰ ਢਹਿ-ਢੇਰੀ ਕੀਤਾ ਗਿਆ ਏ। ਮੁਹਿੰਮ ਦੌਰਾਨ 80 ਕਿਲੋਗ੍ਰਾਮ ਤੋਂ ਵੱਧ ਹੈਰੋਇਨ, ਭੁੱਕੀ, ਅਫੀਮ, ਗਾਂਜਾ, ਆਈਸ ਅਤੇ ਪਾਬੰਦੀਸ਼ੁਦਾ ਦਵਾਈਆਂ, ਹਥਿਆਰ ਅਤੇ ਗੋਲਾ ਬਾਰੂਦ ਸਮੇਤ ਨਸ਼ੀਲੇ ਪਦਾਰਥਾਂ ਦੀ ਇੱਕ ਵੱਡੀ ਖੇਪ ਵੀ ਜ਼ਬਤ ਕੀਤੀ ਗਈ ਏ, ਇਸ ਤੋਂ ਇਲਾਵਾ ਹੁਣ ਤੱਕ 60 ਲੱਖ ਰੁਪਏ ਦੀ ਡਰੱਗ ਮਨੀ ਵੀ ਜ਼ਬਤ ਕੀਤੀ ਗਈ ਏ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਜੋ ਕਿ ਰਾਜ ਦੇ ਵਿੱਤ ਮੰਤਰੀ ਵੀ ਹਨ, ਨੇ ਕਿਹਾ ਕਿ ਇਸ ਮੁਹਿੰਮ ਵਿਚ ਵਿਦਿਆਰਥੀਆਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਸ਼ਾਮਲ ਕੀਤਾ ਜਾ ਰਿਹਾ ਏ ਤਾਂ ਜੋ ਜਨਤਕ ਜਾਗਰੂਕਤਾ ਪੈਦਾ ਕੀਤੀ ਜਾ ਸਕੇ ਅਤੇ ਨਸ਼ਿਆਂ ਵਿਰੁਧ ਉਨ੍ਹਾਂ ਦੀ ਸਰਗਰਮ ਭਾਈਵਾਲੀ ਨੂੰ ਉਤਸ਼ਾਹਿਤ ਕੀਤਾ ਜਾ ਸਕੇ।

---------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜਲੰਧਰ ਜ਼ਿਲ੍ਹੇ ਦੀ ਸਬ-ਤਹਿਸੀਲ ਗੁਰਾਇਆ ਦੇ ਵਸੀਕਾ ਨਵੀਸ ਪਵਨ ਕੁਮਾਰ ਨੂੰ 15 ਹਜ਼ਾਰ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ। ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਫਗਵਾੜਾ ਦੇ ਇੱਕ ਨਿਵਾਸੀ ਦੁਆਰਾ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ’ਤੇ ਦਰਜ ਕੀਤੀ ਗਈ ਇੱਕ ਔਨਲਾਈਨ ਸ਼ਿਕਾਇਤ ਦੇ ਆਧਾਰ ’ਤੇ ਕੀਤੀ ਗਈ ਏ। ਜਾਂਚ ਦੌਰਾਨ ਵਿਜੀਲੈਂਸ ਬਿਊਰੋ ਨੇ ਸ਼ਿਕਾਇਤ ਵਿੱਚ ਲੱਗੇ ਦੋਸ਼ਾਂ ਨੂੰ ਸਹੀ ਪਾਇਆ ਜਿਸ ਕਾਰਨ ਮੁਲਜ਼ਮ ਵਸੀਕਾ ਨਵੀਸ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਸ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਜਲੰਧਰ ਰੇਂਜ ਥਾਣੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਏ। ਇਸ ਕੇਸ ਦੀ ਅਗਲੇਰੀ ਜਾਂਚ ਦੌਰਾਨ ਸੰਯੁਕਤ ਸਬ-ਰਜਿਸਟਰਾਰ ਅਤੇ ਰਜਿਸਟਰੀ ਕਲਰਕ ਦੀਆਂ ਭੂਮਿਕਾਵਾਂ ਦੀ ਵੀ ਜਾਂਚ ਕੀਤੀ ਜਾਵੇਗੀ।

----------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਵਿਸ਼ਵ ਆਡੀਓ-ਵਿਜ਼ੂਅਲ ਅਤੇ ਮਨੋਰੰਜਨ ਸਿਖਰ ਸੰਮੇਲਨ WAVES-2025 ਦੇ ਹਿੱਸੇ ਵਜੋਂ creators ਆਰਥਿਕਤਾ ਲਈ ਇਕ ਅਰਬ ਡਾਲਰ ਦੇ ਫੰਡ ਦਾ ਐਲਾਨ ਕੀਤਾ ਏ। ਉਨ੍ਹਾਂ ਕਿਹਾ ਕਿ ਪਹਿਲੀ ਤੋਂ 4 ਮਈ ਤੱਕ ਮੁੰਬਈ ਵਿੱਚ ਹੋਣ ਵਾਲਾ ਇਹ ਸਿਖਰ ਸੰਮੇਲਨ, creators ਭਾਈਚਾਰੇ ਨੂੰ ਵਧੀਆ ਸਮੱਗਰੀ ਬਣਾਉਣ ਲਈ ਇੱਕ ਮੰਚ ਪ੍ਰਦਾਨ ਕਰੇਗਾ। ਸ਼੍ਰੀ ਵੈਸ਼ਨਵ ਕੱਲ੍ਹ ਨਵੀਂ ਦਿੱਲੀ ਵਿੱਚ, ਵੇਵਜ਼ 2025 'ਤੇ ਕਰਾਏ ਗਏ ਇੱਕ ਉੱਚ-ਪੱਧਰੀ ਸੈਸ਼ਨ ਵਿੱਚ ਬੋਲ ਰਹੇ ਸਨ। ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵੱਲੋਂ ਕਰਾਇਆ ਗਿਆ ਇਹ ਸੈਸ਼ਨ ਵਿੱਚ, ਵੇਵਜ਼ 2025 ਤੋਂ ਪਹਿਲਾਂ ਅੰਤਰਰਾਸ਼ਟਰੀ ਭਾਈਚਾਰੇ ਨੂੰ ਸ਼ਾਮਲ ਕਰਨ ਸਬੰਧੀ ਸੀ । ਸ਼੍ਰੀ ਵੈਸ਼ਨਵ ਨੇ ਇਹ ਵੀ ਦੱਸਿਆ ਕਿ ਪਹਿਲਾ ਇੰਡੀਅਨ ਇੰਸਟੀਚਿਊਟ ਆਫ਼ ਕ੍ਰਿਏਟਿਵ ਟੈਕਨਾਲੋਜੀ (IICT) ਗੋਰੇ-ਗਾਓਂ, ਮੁੰਬਈ ਵਿੱਚ ਫਿਲਮ ਸਿਟੀ ਦੇ ਨੇੜੇ ਕਾਇਮ ਕੀਤਾ ਜਾਵੇਗਾ। ਇਸ ਮੌਕੇ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਕਿਹਾ ਕਿ, ਵੇਵਜ਼ ਮੀਡੀਆ ਅਤੇ ਮਨੋਰੰਜਨ ਸਨਅਤ ਲਈ

ਚਰਚਾਵਾਂ, ਸਹਿਯੋਗ ਅਤੇ ਨਵੀਆਂ ਕਾਢਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਅਹਿਮ ਮੰਚ ਵਜੋਂ ਕੰਮ ਕਰੇਗਾ।